# ਡਾਇਰੈਕਟਰ ਜਨਰਲ ਸਕੂਲ ਐਜੂਕੇਸ਼ਨ-ਕਮ-ਸਟੇਟ ਪ੍ਰਾਜੈਕਟ ਡਾਇਰੈਕਟਰ
## ਸਰਵ ਸਿੱਖਿਆ ਅਭਿਆਨ ਅਥਾਰਟੀ (ਪੰਜਾਬ)

ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ, ਈ ਬਲਾਕ, ਪੰਜਵੀਂ ਮੰਜਿਲ, ਫੇਜ਼-8, ਅਜੀਤਗੜ੍ਹ।

ਵੱਲ,

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.),(ਨੋਟਿਸ ਬੋਰਡ ਰਾਹੀਂ)
ਸਮੂਹ ਜ਼ਿਲ੍ਹਾ ਸਾਇੰਸ ਸੁਪਰਵਾਈਜ਼ਰ,
ਪੰਜਾਬ।

ਮੀਮੋ ਨੰ : ਸਸਅ/ਐਮਸੀ/2015/021
ਮਿਤੀ : 16-01-2015

ਸੀ-2
040

ਵਿਸ਼ਾ :- ਵਾਤਾਵਰਨ ਐਕਟ ਅਧੀਨ ਸਕੂਲਾਂ ਵਿੱਚ ਥਰਮੋਕੋਲ ਦੀ ਰੋਕਥਾਮ ਸਬੰਧੀ।

ਉਪਰੋਕਤ ਵਿਸ਼ੇ ਸਬੰਧੀ ਲਿਖਿਆ ਜਾਂਦਾ ਹੈ ਕਿ ਵਾਤਾਵਰਨ ਦੀ ਸਾਂਭ-ਸੰਭਾਲ ਅਤੇ ਸਫਾਈ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਸਕੂਲਾਂ ਵਿੱਚ 'ਸੋਹਣਾ ਸਕੂਲ' ਮੁਹਿੰਮ ਚੱਲ ਰਹੀ ਹੈ। ਜਿਸ ਵਿੱਚ ਵਿਦਿਆਰਥੀਆਂ ਦੇ ਚਾਰਟ ਮੁਕਾਬਲੇ ਜਾਂ ਹੋਰ ਗਤੀਵਿਧੀਆਂ ਚੱਲ ਰਹੀਆਂ ਹਨ। ਸਾਇੰਸ ਮੇਲਿਆਂ ਅਤੇ ਇੰਸਪਾਇਰ ਐਵਾਰਡ ਵਿੱਚ ਵੀ ਵਿਦਿਆਰਥੀਆਂ ਵੱਲੋਂ ਵਾਤਾਵਰਨ ਸਬੰਧੀ ਮਾਡਲ ਪੇਸ਼ ਕੀਤੇ ਜਾ ਰਹੇ ਹਨ।

ਪ੍ਰੰਤੂ ਇਹ ਵੇਖਣ ਵਿੱਚ ਆਇਆ ਹੈ ਕਿ ਸਕੂਲਾਂ ਵਿੱਚ ਵਿਦਿਆਰਥੀਆਂ ਦੁਆਰਾ ਗਤੀਵਿਧੀਆਂ ਪੇਸ਼ ਕਰਨ ਲਈ ਥਰਮੋਕੋਲ ਦੀ ਵੱਧ ਤੋਂ ਵੱਧ ਵਰਤੋਂ ਕੀਤੀ ਜਾ ਰਹੀ ਹੈ।ਥਰਮੋਕੋਲ ਦੇ ਵਾਤਾਵਰਨ ਉਪਰ ਬਹੁਤ ਮਾਰੂ ਪ੍ਰਭਾਵ ਪੈ ਰਹੇ ਹਨ। ਇਹ ਥਰਮੋਕੋਲ ਜੈਵ ਅਵਿਘਟਨਸ਼ੀਲ ਪਦਾਰਥ ਹੈ। ਜਦ ਪੰਛੀ ਇਸ ਨੂੰ ਚੁਗਦੇ ਹਨ ਤਾਂ ਇਹਨਾਂ ਦੀ ਮੌਤ ਹੋ ਜਾਂਦੀ ਹੈ। ਇਸ ਉੱਪਰ ਵਾਤਾਵਰਨ ਵਿਭਾਗ ਦੁਆਰਾ ਮੁਕੰਮਲ ਪਾਬੰਦੀ ਲਗਾਈ ਗਈ ਹੈ।

ਸਾਇੰਸ ਮੇਲਿਆਂ ਵਿੱਚ ਅਤੇ ਇੰਸਪਾਇਰ ਐਵਾਰਡ ਵਿੱਚ ਵੀ ਥਰਮੋਕੋਲ ਦੇ ਬਣੇ ਹੋਏ ਮਾਡਲਾਂ ਪੇਸ਼ ਕੀਤੇ ਜਾ ਰਹੇ ਹਨ, ਜਦੋਂ ਕਿ ਪਲਾਈ ਬੋਰਡ ਅਤੇ ਲੋਹੇ ਜਾਂ ਗੱਤੇ ਦੇ ਬਣੇ ਮਾਡਲਾਂ ਨੂੰ ਨਜਰਅੰਦਾਜ ਕੀਤਾ ਜਾ ਰਿਹਾ ਹੈ। ਜੋ ਕਿ ਸਹੀ ਨਹੀਂ ਹੈ।

ਇਸ ਲਈ ਵਿਦਿਆਰਥੀਆਂ ਨੂੰ ਥਰਮੋਕੋਲ ਦੇ ਮਾਰੂ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾਵੇ ਅਤੇ ਸਕੂਲਾਂ ਵਿੱਚ ਇਸ ਤੇ ਮੁਕੰਮਲ ਪਾਬੰਦੀ ਲਗਾਈ ਜਾਵੇ। ਥਰਮੋਕੋਲ ਦੀ ਵਰਤੋਂ ਦੀ ਥਾਂ ਤੇ ਗੱਤੇ ਦੀ ਵਰਤੋਂ ਕੀਤੀ ਜਾਵੇ। ਜਿਸ ਨਾਲ ਪਰਾਲੀ ਦੀ ਵਰਤੋਂ ਵੀ ਵਧੇਗੀ ਅਤੇ ਇਸ ਨੂੰ ਸਾੜਿਆ ਨਹੀਂ ਜਾਵੇਗਾ।

ਵਧੀਕ ਸਟੇਟ ਪ੍ਰਾਜੈਕਟ ਡਾਇਰੈਕਟਰ
ਸਰਵ ਸਿੱਖਿਆ ਅਭਿਆਨ ਅਥਾਰਟੀ
ਪੰਜਾਬ